Punjabi - Number 62b
March 2017

# ਨਿਊਮੋਕੋਕਲ ਪੌਲੀਸੈਕਰਾਇਡ ਵੈਕਸੀਨ
## Pneumococcal Polysaccharide Vaccine

ਬਿਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

### ਨਿਊਮੋਕੋਕਲ ਪੌਲੀਸੈਕਰਾਇਡ ਵੈਕਸੀਨ ਕੀ ਹੈ?

ਨਿਊਮੋਕੋਕਲ ਪੌਲੀਸੈਕਰਾਇਡ ਵੈਕਸੀਨ 23 ਕਿਸਮ ਦੇ ਨਿਊਮੋਕੋਕਲ ਬੈਕਟੀਰੀਆ ਦੇ ਵਿਰੁੱਧ ਰੱਖਿਆ ਕਰਦੀ ਹੈ। ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਨਿਊਮੋਕੋਕਲ ਪੌਲੀਸੈਕਰਾਇਡ ਵੈਕਸੀਨ ਬਚਪਨ ਵਿੱਚ ਬਿਮਾਰੀਆਂ ਤੋਂ ਬਚਾਉਣ ਲਈ ਕੀਤੇ ਜਾਣ ਵਾਲੇ ਟੀਕਾਕਰਣ ਦੀ ਸੂਚੀ ਦਾ ਹਿੱਸਾ ਨਹੀਂ ਹੈ। ਬੱਚਿਆਂ ਲਈ ਨੇਮਕ ਨਿਊਮੋਕੋਕਲ ਵੈਕਸੀਨ ਬਾਰੇ ਹੋਰ ਜਾਣਕਾਰੀ ਲਈ HealthLinkBC File#62a ਨਿਊਮੋਕੋਕਲ ਕੌਨਜੁਗੇਟ (ਪੀਸੀਵੀ 13) ਵੈਕਸੀਨ ਦੇਖੋ।

### ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਕੁਝ ਲੋਕਾਂ ਨੂੰ ਨਿਊਮੋਕੋਕਲ ਵਿਗਾੜਾਂ ਕਰਕੇ ਬਿਮਾਰ ਹੋਣ ਦਾ ਜਿਆਦਾ ਖਤਰਾ ਹੈ। ਅਜਿਹੇ ਲੋਕਾਂ ਨੂੰ ਵੈਕਸੀਨ ਮੁਫਤ ਦਿੱਤੀ ਜਾਂਦੀ ਹੈ,ਜਿਸ ਵਿੱਚ ਸ਼ਾਮਲ ਹਨ :

- 65 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਬਜ਼ੁਰਗ; ਅਤੇ
- ਰਿਹਾਇਸ਼ੀ ਦੇਖਭਾਲ ਜਾਂ ਸਹਾਇਤਾ ਪ੍ਰਦਾਨ ਕਰਨ ਵਾਲੀਆਂ ਰਿਹਾਇਸ਼ੀ ਸਹੂਲਤਾਂ ਵਿੱਚ ਰਹਿਣ ਵਾਲੇ ਕਿਸੇ ਵੀ ਉਮਰ ਦੇ ਨਿਵਾਸੀ।

ਵੈਕਸੀਨ ਹੇਠਾਂ ਦਿੱਤੀਆਂ ਅਵਸਥਾਵਾਂ ਵਾਲੇ 2 ਸਾਲ ਜਾਂ ਉਸ ਤੋਂ ਵੱਧ ਉਮਰ ਦੇ ਕਿਸੇ ਵੀ ਵਿਅਕਤੀ ਨੂੰ ਵੀ ਮੁਫਤ ਦਿੱਤੀ ਜਾਂਦੀ ਹੈ:

- ਤਿਲੀ ਨਾ ਹੋਣਾ, ਜਾਂ ਅਜਿਹੀ ਤਿਲੀ ਹੋਣਾ ਜੋ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੀ;
- ਸਿਕਲ-ਸੈਲ ਬਿਮਾਰੀ;
- ਬਿਮਾਰੀ ਜਾਂ ਮੈਡੀਕਲ ਇਲਾਜ ਕਰਕੇ ਕਮਜ਼ੋਰ ਹੋ ਗਈ ਸਰੀਰ ਦੀ ਸੁਰੱਖਿਆ ਪ੍ਰਣਾਲੀ;
- ਸਿਰੋਸਿਸ, ਹੈਪੇਟਾਈਟਸ ਬੀ ਜਾਂ ਹੈਪੇਟਾਈਟਸ ਸੀ ਸਮੇਤ ਜਿਗਰ ਦੀ ਚਿਰਕਾਲੀ ਬਿਮਾਰੀ;
- ਗੁਰਦੇ ਦੀ ਚਿਰਕਾਲੀ ਬਿਮਾਰੀ;
- ਦਿਲ ਜਾਂ ਫੇਫੜਿਆਂ ਦੀ ਚਿਰਕਾਲੀ ਬਿਮਾਰੀ;
- ਇਸਲੈਟ ਸੈਲ ਜਾਂ ਠੋਸ ਇੰਦਰੀ ਟਰਾਂਸਪਲਾਂਟ, ਜਾਂ ਕੋਕਲੀਅਰ (ਇੰਨਰ ਈਅਰ) ਇੰਮਪਲਾਂਟ, ਜਾਂ ਉਸ ਲਈ ਇੰਤਜ਼ਾਰ ਕਰ ਰਹੇ ਹਨ;
- ਸਟੈਮ ਸੈਲ ਟਰਾਂਸਪਲਾਂਟ ਹੋ ਗਿਆ ਹੈ;
- ਸ਼ੱਕਰ ਰੋਗ, ਸਿਸਟਿਕ ਫਾਈਬਰੋਸਿਸ ਜਾਂ ਚਿਰਕਾਲੀ ਸੀਰੀਬਰੋਸਪਾਈਨਲ ਫਲੂਇਡ ਲੀਕ;
- ਸ਼ਰਾਬ ਦੇ ਨਿਰਭਰਤਾ;
- ਬੇਘਰ ਲੋਕ; ਅਤੇ
- ਗੈਰਕਾਨੂੰਨੀ ਨਸ਼ੇ ਵਰਤਣ ਵਾਲੇ, ਖਾਸ ਕਰਕੇ ਉਹ ਜਿਹੜੇ ਕ੍ਰੈਕ ਕੋਕੇਨ ਪੀਂਦੇ ਹਨ।

ਕੁਝ ਖਾਸ ਮੈਡੀਕਲ ਅਵਸਥਾਵਾਂ ਵਾਲੇ ਲੋਕਾਂ ਲਈ ਵੈਕਸੀਨ ਦੀ ਦੂਸਰੀ ਖੁਰਾਕ ਦੀ ਸਿਫਾਰਸ਼ ਕੀਤੀ ਜਾਂਦੀ ਹੈ। ਇਹ ਪਤਾ ਕਰਨ ਲਈ ਕਿ ਕੀ ਤੁਹਾਨੂੰ ਵੈਕਸੀਨ ਦੀ ਦੂਸਰੀ ਖੁਰਾਕ ਦੀ ਲੋੜ ਹੈ ਅਤੇ ਇਹ ਤੁਹਾਨੂੰ ਕਦੋਂ ਲੈਣੀ ਚਾਹੀਦੀ ਹੈ, ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਬਿਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

### ਨਿਊਮੋਕੋਕਲ ਪੌਲੀਸੈਕਰਾਇਡ ਵੈਕਸੀਨ ਦੇ ਕੀ ਲਾਭ ਹਨ?

ਵੈਕਸੀਨ ਨਿਊਮੋਕੋਕਲ ਵਿਗਾੜ, ਜੋ ਕਿ ਇੱਕ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬਿਮਾਰੀ ਹੋ ਸਕਦੀ ਹੈ, ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਚੰਗਾ ਢੰਗ ਹੈ।

ਜਦੋਂ ਤੁਸੀਂ ਬੀਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

### ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕਿਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਨਿਊਮੋਕੋਕਲ ਬਿਮਾਰੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ। ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਬੁਖਾਰ ਵੀ ਹੋ ਸਕਦਾ ਹੈ। ਇਹ ਪ੍ਰਤੀਕ੍ਰਿਆਵਾਂ ਹਲਕੀਆਂ ਹੁੰਦੀਆਂ ਹਨ ਅਤੇ ਆਮਤੌਰ ਤੇ 1 ਤੋਂ 2 ਦਿਨ ਤੱਕ ਰਹਿੰਦੀਆਂ ਹਨ।

> ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ। ਏਐਸਏ(ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਨਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ, ਇੱਕ ਮਿਲੀਅਨ ਵਿੱਚ 1 ਤੋਂ ਘੱਟ, ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ, ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡ੍ਰੇਨੇਲਿੰਨ) ਦਿੱਤੇ ਜਾਣਾ ਅਤੇ ਐਮਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ। ਜੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਅਦ ਵਿਕਸਤ ਹੁੰਦੇ ਹਨ, **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਨਿਯੂਮੋਕੋਕਲ ਪੌਲੀਸੈਕਰਾਇਡ ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਜੇ ਤੁਹਾਨੂੰ ਪਹਿਲਾਂ ਲਈ ਗਈ ਨਿਯੂਮੋਕੋਕਲ ਵੈਕਸੀਨ ਦੀ ਖੁਰਾਕ, ਜਾਂ ਵੈਕਸੀਨ ਦੇ ਕਿਸੇ ਵੀ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

2 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਨਿਯੂਮੋਕੋਕਲ ਪੌਲੀਸੈਕਰਾਇਡ ਵੈਕਸੀਨ ਨਹੀਂ ਦਿੱਤੀ ਜਾਣੀ ਚਾਹੀਦੀ ਕਿਉਂਕਿ ਇਹ ਛੋਟੇ ਬੱਚਿਆਂ ਵਿੱਚ ਪ੍ਰਭਾਵਸ਼ਾਲੀ ਨਹੀਂ ਹੈ। ਇੰਨ੍ਹਾਂ ਬੱਚਿਆਂ ਨੂੰ 2 ਮਹੀਨੇ ਦੇ ਉਮਰ ਤੋਂ ਸ਼ੁਰੂਆਤ ਕਰਕੇ ਨਿਯੂਮੋਕੋਕਲ ਕੌਨਜੁਗੇਟ ਵੈਕਸੀਨ ਦਿੱਤੀ ਜਾਂਦੀ ਹੈ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬਿਮਾਰੀ ਕਰਕੇ ਬਿਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਨਿਯੂਮੋਕੋਕਲ ਵਿਗਾੜ ਕੀ ਹੈ?

ਨਿਯੂਮੋਕੋਕਲ ਵਿਗਾੜ ਦਾ ਕਾਰਨ *ਸਟਰੈਪਟੋਕੋਕਸ ਨਿਮੋਨਿਆਏ* (*Streptococcus pneumoniae*) ਬੈਕਟੀਰੀਆ ਹੈ। ਇਹ ਬੈਕਟੀਰੀਆ, ਮੈਨਿੰਨਜਾਈਟਸ ਜੋ ਕਿ ਦਿਮਾਗ ਨੂੰ ਢੱਕਣ ਵਾਲੀ ਪਰਤ ਦਾ ਵਿਗਾੜ, ਸੈਪਟੀਸੀਮੀਆ- ਜੋ ਖੂਨ ਦਾ ਵਿਗਾੜ ਅਤੇ ਨਿਮੋਨੀਆ – ਜੋ ਫੇਫੜਿਆਂ ਦਾ ਵਿਗਾੜ ਹੈ, ਵਰਗੀਆਂ ਗੰਭੀਰ ਅਤੇ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੀਆਂ ਬੀਮਾਰੀਆਂ ਦਾ ਕਾਰਨ ਬਣ ਸਕਦਾ ਹੈ।

ਮੈਨਿੰਨਜਾਈਟਸ ਦੀਆਂ ਸਥਾਈ ਜਟਿਲਤਾਵਾਂ ਵਿੱਚ ਦਿਮਾਗੀ ਨੁਕਸਾਨ ਅਤੇ ਬਹਿਰਾਪਨ ਸ਼ਾਮਲ ਹਨ। ਨਿਯੂਮੋਕੋਕਲ ਮੈਨਿੰਨਜਾਈਟਸ ਨਾਲ ਬਿਮਾਰ ਹੋਣ ਵਾਲੇ ਹਰੇਕ 4 ਲੋਕਾਂ ਵਿੱਚੋਂ 1 ਦੀ ਮੌਤ ਹੋ ਸਕਦੀ ਹੈ।

ਨਿਯੂਮੋਕੋਕਲ ਵਿਗਾੜ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਇੱਕ ਵਿਅਕਤੀ ਤੋਂ ਦੂਜੇ ਤੱਕ ਫੈਲਦਾ ਹੈ। ਇਹ ਥੁੱਕ ਰਾਹੀਂ ਵੀ ਫੈਲ ਸਕਦਾ ਹੈ। ਇਹ ਚੁੰਮਣ ਵਰਗੀਆਂ ਗਤੀਵਿਧੀਆਂ, ਜਾਂ ਖਾਣਾ, ਪੇਯ, ਸਿਗਰਟਾਂ, ਲਿਪਸਟਿਕਾਂ, ਪਾਣੀ ਦੀਆਂ ਬੋਤਲਾਂ, ਖੇਡਾਂ ਲਈ ਵਰਤੇ ਜਾਣ ਵਾਲੇ ਮਾਉਥ ਗਾਰਡ ਜਾਂ ਸੰਗੀਤ ਦੇ ਸਾਜਾਂ ਦੇ ਮੂੰਹ ਵਾਲੇ ਹਿੱਸਿਆਂ ਨੂੰ ਸਾਂਝਾ ਕਰਨ ਰਾਹੀਂ ਵਾਪਰ ਸਕਦਾ ਹੈ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

ਇਮਿਊਨਾਈਜ਼ੇਸ਼ਨ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਇਮਿਊਨਾਈਜ਼ ਬੀ.ਸੀ. ਦੀ ਇਹ ਵੈੱਬਸਾਈਟ https://immunizebc.ca/. ਦੇਖੋ।

BRITISH COLUMBIA ImmunizeBC

BC Centre for Disease Control
An agency of the Provincial Health Services Authority

ਹੈਲਥਲਿੰਕਬੀਸੀ ਫਾਇਲਾਂ ਦੇ ਹੋਰ ਵਿਸ਼ਿਆਂ ਵਾਸਤੇ, www.HealthLinkBC.ca/healthfiles ਤੇ ਜਾਂ ਆਪਣੇ ਸਥਾਨਕ ਪਬਲਿਕ ਹੈਲਥ ਯੂਨਿਟ ਕੋਲ ਜਾਓ। ਬੀ. ਸੀ. ਵਿੱਚ ਸਿਹਤ ਸੰਬੰਧੀ ਨੌਨ-ਐਮਰਜੈਂਸੀ ਜਾਣਕਾਰੀ ਅਤੇ ਸਲਾਹ ਲਈ, www.HealthLinkBC.ca ਤੇ ਜਾਓ ਜਾਂ **8-1-1** (ਟੋਲ ਫ੍ਰੀ) ਤੇ ਫੋਨ ਕਰੋ। ਬਹਿਰੇ ਅਤੇ ਉੱਚਾ ਸੁਣਨ ਵਾਲਿਆਂ ਦੀ ਸਹਾਇਤਾ ਵਾਸਤੇ, **7-1-1** ਤੇ ਫੋਨ ਕਰੋ। ਬੇਨਤੀ ਕਰਨ ਤੇ 130 ਤੋਂ ਵੱਧ ਭਾਸ਼ਾਵਾਂ ਵਿੱਚ ਅਨੁਵਾਦ ਸੇਵਾਵਾਂ ਉਪਲਬਧ ਹਨ।